# ਲੱਕੜ ਚੀਰਨ ਵਾਲ਼ਾ ਆਰਾ ਬੰਦ ਕਰਵਾਉਣ ਸਬੰਧੀ ਡਿਪਟੀ ਕਮਿਸ਼ਨਰ ਨੂੰ ਬੇਨਤੀ-ਪੱਤਰ।

**ਸੇਵਾ ਵਿਖੇ**

**ਮਾਣਯੋਗ ਡਿਪਟੀ ਕਮਿਸ਼ਨਰ ਸਾਹਿਬ,**


**ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ।**

**ਸਾਹਿਬਜ਼ਾਦਾ ਅਜੀਤ ਸਿੰਘ ਨਗਰ।**


**ਵਿਸ਼ਾ : ਲੱਕੜ ਚੀਰਨ ਵਾਲਾ ਆਰਾ ਬੰਦ ਕਰਵਾਉਣ ਸੰਬੰਧੀ।**

**ਸ੍ਰੀਮਾਨ ਜੀ,**


ਬੇਨਤੀ ਹੈ ਕਿ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਫੇਜ 68 ਦੇ ਰਿਹਾਇਸ਼ੀ ਖੇਤਰ ਵਿੱਚ ਇੱਕ ਲੱਕੜ ਚੀਰਨ ਵਾਲ਼ਾ ਆਰਾ ਲੱਗਿਆ ਹੋਇਆ ਹੈ। ਇਹ ਆਰਾ ਦਿਨ-ਰਾਤ ਚੱਲਦਾ ਰਹਿੰਦਾ ਹੈ।



ਇਸ ਨਾਲ਼ ਹਰ ਵਕਤ ਹਵਾ ਅਤੇ ਸ਼ੋਰ-ਪ੍ਰਦੂਸ਼ਣ ਪੈਦਾ ਹੁੰਦਾ ਰਹਿੰਦਾ ਹੈ ਜਿਸ ਨਾਲ਼ ਬੱਚਿਆਂ, ਬਜ਼ੁਰਗਾਂ ਅਤੇ ਬਿਮਾਰ ਵਿਅਕਤੀਆਂ ਨੂੰ ਬਹੁਤ ਪ੍ਰੇਸ਼ਾਨੀ ਹੁੰਦੀ ਹੈ।



ਬਜ਼ੁਰਗ ਅਤੇ ਬਿਮਾਰ ਵਿਅਕਤੀ ਚੈਨ ਨਾਲ ਸੌਂ ਨਹੀਂ ਸਕਦੇ ਅਤੇ ਬੱਚੇ ਪੜ੍ਹ ਨਹੀਂ ਸਕਦੇ। ਜਿਸ ਨਾਲ਼ ਬੱਚਿਆਂ ਦੀ ਪੜ੍ਹਾਈ ‘ਤੇ ਨਤੀਜਿਆਂ ਤੇ ਬੁਰਾ ਅਸਰ ਪੈਂਦਾ ਹੈ।




ਆਰੇ ਲਈ ਲੱਕੜ ਦੀ ਢੋ-ਢੁਆਈ ਕਰਨ ਵਾਲ਼ੇ ਟਰੱਕਾਂ, ਟਰਾਲੀਆਂ ਕਾਰਨ ਸ਼ੋਰ-ਸ਼ਰਾਬੇ ਅਤੇ ਟ੍ਰੈਫਿਕ ਦੀ ਸਮੱਸਿਆ ਵੀ ਪੈਦਾ ਹੁੰਦੀ ਹੈ। ਜਿਸ ਨਾਲ ਕੰਮ ‘ਤੇ ਆਉਣ-ਜਾਣ ਵਾਲੇ ਲੋਕਾਂ ਲਈ ਰੁਕਾਵਟ ਪੈਦਾ ਹੁੰਦੀ ਹੈ।



ਇਨ੍ਹਾਂ ਗੱਡੀਆਂ ਕਾਰਨ ਕਈ ਵਾਰ ਦੁਰਘਟਨਾਵਾਂ ਵੀ ਵਾਪਰ ਚੁੱਕੀਆਂ ਹਨ।



ਬਾਰਿਸ਼ ਦੇ ਦਿਨਾਂ ਵਿੱਚ ਲੱਕੜੀ ਅਤੇ ਕਚਰੇ ਦੇ ਗਲ਼ਨ ਕਾਰਨ ਸਾਰੇ ਇਲਾਕੇ ਵਿੱਚ ਬਦਬੂ ਫੈਲ ਸਕਦੀ ਹੈ ਜਿਸ ਕਾਰਨ ਕਦੇ ਵੀ ਕੋਈ ਭਿਆਨਕ ਬਿਮਾਰੀ ਫੈਲ ਸਕਦੀ ਹੈ।



ਇਸ ਸਬੰਧੀ ਪੰਜਾਬ ਪ੍ਰਦੂਸ਼ਣ ਬੋਰਡ ਦੇ ਡਾਇਰੈਕਟਰ ਨੂੰ ਮਿਲ਼ ਕੇ ਲਿਖਤੀ ਰੂਪ ਵਿੱਚ ਬੇਨਤੀ ਵੀ ਕਰ ਚੁੱਕੇ ਹਾਂ ਪ੍ਰੰਤੂ ਇਸ ‘ਤੇ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ। ਹੁਣ ਅਸੀਂ ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਕਰਦੇ ਹਾਂ ਕਿ ਆਰਾ ਇੱਥੋਂ ਤੁਰੰਤ ਬੰਦ ਕਰਵਾਇਆ ਜਾਵੇ ਤਾਂ ਜੋ ਇਸ ਇਲਾਕੇ ਦੇ ਵਸਨੀਕ ਆਰਾਮ ਨਾਲ਼ ਜੀਵਨ ਬਤੀਤ ਕਰ ਸਕਣ। ਉਮੀਦ ਹੈ ਕਿ ਆਪ ਇਹ ਸਮੱਸਿਆ ਪਹਿਲ ਦੇ ਆਧਾਰ ਤੇ ਹੱਲ ਕਰੋਗੇ।

ਧੰਨਵਾਦ ਸਹਿਤ

ਆਪ ਜੀ ਦੇ ਸ਼ੁੱਭਚਿੰਤਕ,

ਸਮੂਹ ਇਲਾਕਾ ਨਿਵਾਸੀ ,

ਫੇਜ਼ 68, ਸਾਹਿਬਜ਼ਾਦਾ ਅਜੀਤ ਸਿੰਘ ਨਗਰ,

ਮਿਤੀ 16 ਅਪ੍ਰੈਲ 2020.

ਤਿਆਰ ਕਰਤਾ

ਸੰਦੀਪ ਸਿੰਘ ਪੰਜਾਬੀ ਮਾਸਟਰ

ਸ.ਹ.ਸ. ਭਿੰਡੀ ਔਲਖ ( ਅੰਮ੍ਰਿਤਸਰ )